ਨੰ: 11/38/2005-2ਸਿੱ.3/ 14213

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਅਕਾਲ ਅਕੈਡਮੀ,
ਫਤਿਹਗੜ੍ਹ ਗੰਢੂਆਂ (ਸੰਗਰੂਰ)।

ਮਿਤੀ,ਚੰਡੀਗੜ੍ਹ: 29.6.2005

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2 ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਸੰਗਰੂਰ ਅਤੇ ਡੀ.ਪੀ.ਆਈ. ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1 ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2 ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ..ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਪ੍ਰਮੁੱਖ ਸਕੱਤਰ,,ਸਕੂਲ ਸਿੱਖਿਆ

ਪਿਠ ਅੰਕਣ ਨੰ:11/38/2005-2ਸਿ.3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/23-2005-ਗ੍ਰਾਂਟ-1(2) ਮਿਤੀ 13-6-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ- ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਪ੍ਰਮੁੱਖ ਸਕੱਤਰ,ਸਕੂਲ ਸਿੱਖਿਆ

Principal
AKAL ACADEMY, Fatehgarh Ganduan
Teh. Sunam, Distt. Sangrur
(Pb.) 148031 Ph. 01676-279189

No: 11/38/2005-2S3/14213
Punjab Government
Education Department
(Education-3-Branch)

Principal
Akal Academy,
Fatehgarh Ganduan (Sangrur)

Date, Chandigarh : 29.6.2005

Subject :- No objection certificate regarding affiliation CBSE New Delhi.

Respected Sir

According to above written subject your letter no.

After deep concentration of the representation of certificates with affidavit, District Education Officer, Sangrur and DPI private adid from your school management the no objection certificate will be given according to the following condition.

1. In future if any complaint or inspection this will be seen that before getting the certificate in the documents any wrong information or the school is not following the rules of the Punjab Government then this certificate can be taken back.
2. Punjabi is compulsory in your school up to grade 10th. If this CBSE rule will be not followed then the no objection certificate can be take by CBSE.

TRUE TRANSLATION IN TO ENGLISH FROM Punjabi

Continue page/2..

NOTARY PUBLIC
SUNAM (Pb.) INDIA
6-5-19

3. After taking CBSE affiliation the school management will be definitely give the salary and other funds to their teaching and non-teaching staff like government employees. If this will be not followed then the no objection certificate can be taken back.
4. Your school management will be responsible for providing any information that can be demanded by district education officer or any senior employee of education officer with full cooperation.

Sd/-

Chief Secretary, School Education

P No: 11/38/2005-2S.3/ Date, Chandigarh:

It is requested to Director of Education office, private adid, Chandigarh on their memo no. 15/23-2005 grant 1(2) on date 13.6.2005 that the school is inspected once in every five years and the inspection report should be sent to government because it is necessary to know whether the school is following the rules or not.

Sd/-

Chief Secretary, School Education

NOTARY SOHAN LAL G SUN

TRUE TRANSLATION IN TO ENGLISH FROM Punjabi

NOTARY PUBLIC SUNAM (Pb.) INDIA

6/5/19